# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 30-09-2024**

ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਦੇਸ਼ ਅਤੇ ਵਿਸ਼ਵ ਨੂੰ ਬਿਹਤਰ ਅਤੇ ਸ਼ਾਂਤੀਪੂਰਨ ਸਥਾਨ ਬਣਾਉਣ ਲਈ ਸਰਵ ਧਰਮ ਸੰਗਮ ਦੀ ਭਾਵਨਾ ਨੂੰ ਅਪਨਾਉਣ ਦੀ ਲੋੜ ’ਤੇ ਜ਼ੋਰ ਦਿੱਤਾ ਏ। ਰਾਜਪਾਲ ਕਟਾਰੀਆ ਜਲੰਧਰ ਵਿਖੇ ਐਸ.ਐਸ.ਜੈਨ ਸਭਾ ਵੱਲੋਂ ਅਚਾਰੀਆ ਆਤਮ ਮਨੋਹਰ ਜਨਮ ਜਯੰਤੀ ਮੌਕੇ ਕਰਵਾਏ ਗਏ ‘ਵਿਰਾਟ ਸਰਵ ਧਰਮ ਸੰਗਮ’ ਵਿੱਚ ਸ਼ਿਰਕਤ ਕਰਨ ਮੌਕੇ ਸੰਬੋਧਨ ਕਰ ਰਹੇ ਸੀ। ਰਾਜਪਾਲ ਕਟਾਰੀਆ ਨੇ ਕਿਹਾ ਕਿ ਅੱਜ ਵਿਸ਼ਵ ਵਿੱਚ ਸ਼ਾਂਤੀ, ਏਕਤਾ ਅਤੇ ਮਨੁੱਖਤਾ ਦੇ ਆਦਰਸ਼ਾਂ ਨੂੰ ਮਜ਼ਬੂਤ ਕਰਨ ਲਈ ਸਰਵ ਧਰਮ ਸੰਗਮ ਦੀ ਮਹੱਤਤਾ ਨੂੰ ਸਮਝਣਾ ਬਹੁਤ ਜ਼ਰੂਰੀ ਏ। ਰਾਜਪਾਲ ਨੇ ਕਿਹਾ ਕਿ ਜੈਨ ਧਰਮ ਨੇ ਹਮੇਸ਼ਾ ਸ਼ਾਂਤੀ, ਅਹਿੰਸਾ ਅਤੇ ਸਹਿਯੋਗ ਦਾ ਪ੍ਰਚਾਰ-ਪਸਾਰ ਕੀਤਾ ਏ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਸਾਉਣੀ ਦੇ ਮੰਡੀਕਰਨ ਸੀਜ਼ਨ ਦੌਰਾਨ ਝੋਨੇ ਦੀ ਫ਼ਸਲ ਖਰੀਦਣ ਲਈ ਪੂਰੀ ਤਰ੍ਹਾਂ ਤਿਆਰ ਏ। ਝੋਨੇ ਦੀ ਖਰੀਦ ਲਈ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਇਕ ਅਕਤੂਬਰ ਤੋਂ ਸ਼ੁਰੂ ਹੋਣ ਵਾਲੇ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਵੱਲੋਂ 185 ਲੱਖ ਟਨ ਝੋਨਾ ਮੰਡੀਆਂ ਵਿੱਚ ਲਿਆਂਦੇ ਜਾਣ ਦੀ ਉਮੀਦ ਏ।ਉਨ੍ਹਾਂ ਕਿਹਾ ਕਿ ਇਸ ਵਾਰ ਸੂਬੇ ਵਿੱਚ 32 ਲੱਖ ਹੈਕਟੇਅਰ ਰਕਬਾ ਝੋਨੇ ਦੀ ਕਾਸ਼ਤ ਹੇਠ ਏ। ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ 185 ਲੱਖ ਟਨ ਝੋਨੇ ਦੀ ਖਰੀਦ ਦਾ ਟੀਚਾ ਏ।  ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਰਤੀ ਰਿਜ਼ਰਵ ਬੈਂਕ ਵੱਲੋਂ ਸਾਉਣੀ ਮੰਡੀਕਰਨ ਸੀਜ਼ਨ 2024-25 ਲਈ 41 ਹਜਾਰ 378 ਕਰੋੜ ਰੁਪਏ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਨੇ।ਇਸ ਦੌਰਾਨ ਮੁੱਖ ਮੰਤਰੀ ਨੇ ਚੌਲ ਮਿੱਲ ਮਾਲਕਾਂ ਨੂੰ ਵੱਡੀ ਰਾਹਤ ਦਿੰਦਿਆਂ ਕਿਹਾ ਕਿ ਸਾਲ 2024

ਤੇ 25 ਦੇ ਖਰੀਦ ਸੀਜ਼ਨ ਲਈ ਕਸਟਮ ਮਿਲਿੰਗ ਦੀ ਅਲਾਟਮੈਂਟ ਵਾਸਤੇ ਸਭ ਤੋਂ ਪਹਿਲਾਂ ਅਪਲਾਈ ਕਰਨ ਵਾਲੇ 750 ਮਿੱਲ ਮਾਲਕਾਂ ਨੂੰ ਨੀਤੀ ਅਨੁਸਾਰ ਅਲਾਟ ਕੀਤੇ ਝੋਨੇ ਤੋਂ 25 ਫੀਸਦੀ ਵੱਧ ਝੋਨਾ ਅਲਾਟ ਕੀਤਾ ਜਾਵੇਗਾ।

---------------------------------------------------------------

ਪੰਜਾਬ ਦੇ ਰੱਖਿਆ ਭਲਾਈ, ਆਜ਼ਾਦੀ ਘੁਲਾਟੀਆਂ ਅਤੇ ਬਾਗਬਾਨੀ ਮੰਤਰੀ ਮਹਿੰਦਰ ਭਗਤ ਨੇ ਅੱਜ ਪੰਜਾਬ ਸਰਕਾਰ ਦੀ ਸਮਾਜਿਕ ਸੁਰੱਖਿਆ ਸਕੀਮ ਤਹਿਤ 100 ਲਾਭਪਾਤਰੀਆਂ ਨੂੰ ਪੈਨਸ਼ਨ ਮਨਜ਼ੂਰੀ ਪੱਤਰ ਵੰਡੇ। ਇਸ ਉਪਰਾਲੇ ਨਾਲ ਇਹ ਲਾਭਪਾਤਰੀ ਜਲਦੀ ਹੀ ਮਹੀਨਾਵਾਰ ਵਿੱਤੀ ਸਹਾਇਤਾ ਪ੍ਰਾਪਤ ਕਰ ਸਕਣਗੇ। ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਭਰੋਸਾ ਦਿੱਤਾ ਕਿ ਸਾਰੀਆਂ ਸ਼੍ਰੇਣੀਆਂ ਦੇ 100 ਤੋਂ ਵੱਧ ਲਾਭਪਾਤਰੀਆਂ ਦੀਆਂ ਪੈਨਸ਼ਨਾਂ ਦੀਆਂ ਅਰਜ਼ੀਆਂ ਨੂੰ ਮਨਜ਼ੂਰੀ ਦੇ ਦਿੱਤੀ ਗਈ ਏ ਅਤੇ ਹੋਰ ਬਕਾਇਆ

ਪੈਨਸ਼ਨ ਅਰਜ਼ੀਆਂ ਨੂੰ ਵੀ ਜਲਦੀ ਹੀ ਮਨਜ਼ੂਰ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹੋਰ ਪੈਨਸ਼ਨ ਮਨਜ਼ੂਰੀ ਪੱਤਰ ਵੰਡੇ ਜਾਣਗੇ ਅਤੇ ਬੁਢਾਪਾ, ਵਿਧਵਾ, ਅੰਗਹੀਣ ਅਤੇ ਹੋਰ ਵਰਗਾਂ ਦੇ ਸਾਰੇ ਲਾਭਪਾਤਰੀਆਂ ਨੂੰ ਮਹੀਨਾਵਾਰ ਪੈਨਸ਼ਨ ਮੁਹੱਈਆ ਕਰਵਾਈ ਜਾਵੇਗੀ।

---------------------------------------------------------------

ਮਸ਼ਹੂਰ ਅਦਾਕਾਰ ਮਿਥੁਨ ਚੱਕਰਵਰਤੀ ਨੂੰ ਅਗਲੇ ਮਹੀਨੇ 70ਵੇਂ ਰਾਸ਼ਟਰੀ ਫਿਲਮ ਪੁਰਸਕਾਰ ਸਮਾਰੋਹ ਵਿੱਚ ਦਾਦਾ ਸਾਹਿਬ ਫਾਲਕੇ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾਵੇਗਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਇਸਦਾ ਐਲਾਨ ਕਰਦੇ ਹੋਏ ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਿਨੀ ਵੈਸ਼ਨਵ ਨੇ ਕਿਹਾ ਕਿ ਕੋਲਕਾਤਾ ਦੀਆਂ ਗਲੀਆਂ ਤੋਂ ਸਿਨੇਮੈਟਿਕ ਹਾਈਟਸ ਤੱਕ ਮਿਥੁਨ ਦਾ ਦੀ ਸ਼ਾਨਦਾਰ ਯਾਤਰਾ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਏ। ਮੀਡੀਆ ਨਾਲ ਗੱਲ ਕਰਦੇ ਹੋਏ ਸ੍ਰੀ ਚੱਕਰਵਰਤੀ ਨੇ ਖਬਰ ਮਿਲਣ 'ਤੇ ਖੁਸ਼ੀ ਜ਼ਾਹਰ ਕੀਤੀ ਏ। ਉਨ੍ਹਾਂ ਇਹ ਪੁਰਸਕਾਰ ਆਪਣੇ ਪਰਿਵਾਰ ਅਤੇ ਦੁਨੀਆ ਭਰ ਦੇ ਪ੍ਰਸ਼ੰਸਕਾਂ ਨੂੰ ਸਮਰਪਿਤ ਕੀਤਾ

ਏ।

---------------------------------------------------------

ਸੰਸਦ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੇ ਕੇਂਦਰੀ ਖੁਰਾਕ ਮੰਤਰੀ ਪ੍ਰਹਿਲਾਦ ਜੋਸ਼ੀ ਨੂੰ ਪੱਤਰ ਲਿਖ ਕੇ ਮੰਗ ਕੀਤੀ  ਏ ਕਿ ਸੂਬੇ ਵਿੱਚ ਸਟਾਕ ਵਿੱਚ ਪਏ 20 ਲੱਖ ਟਨ ਪੁਰਾਣੇ ਝੋਨੇ ਨੂੰ ਤੁਰੰਤ ਚੁੱਕਿਆ ਜਾਵੇ। ਉਨ੍ਹਾਂ ਖਦਸ਼ਾ ਜਾਹਿਰ ਕੀਤਾ ਕਿ ਜੇਕਰ ਅਜਿਹਾ ਨਾ ਹੋਇਆ ਤਾਂ 1 ਅਕਤੂਬਰ ਤੋਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਸ਼ੁਰੂ ਹੋਣ ਤੋਂ ਬਾਅਦ ਸੂਬੇ ਵਿੱਚ ਆਰਥਿਕ ਸੰਕਟ ਅਤੇ ਅਸਥਿਰਤਾ ਦੀ ਸਥਿਤੀ ਪੈਦਾ ਹੋ ਸਕਦੀ ਏ। ਡਾ. ਚੱਬੇਵਾਲ ਨੇ ਕਿਹਾ ਕਿ ਪੰਜਾਬ ਦੇ ਵੱਖ-ਵੱਖ ਗੁਦਾਮ ਅਤੇ ਸਟਾਕ ਸੈਂਟਰ ਨੇ। ਇਸ ਵਿੱਚ ਪਹਿਲਾਂ ਹੀ ਵੱਡੀ ਮਾਤਰਾ ਵਿੱਚ ਝੋਨਾ ਸਟੋਰ ਕੀਤਾ ਹੋਇਆ ਏ। ਇਨ੍ਹਾਂ ਗੁਦਾਮਾਂ ਵਿੱਚ ਥਾਂ ਸੀਮਤ ਹੋਣ ਕਾਰਨ ਹੁਣ ਝੋਨੇ ਦੀ ਨਵੀਂ ਫ਼ਸਲ ਲਈ ਲੋੜੀਂਦੀ ਥਾਂ ਨਹੀਂ ਏ। ਉਨ੍ਹਾਂ ਕੇਂਦਰੀ ਮੰਤਰੀ ਤੋਂ ਮੰਗ ਕੀਤੀ ਕਿ ਇਸ ਗੰਭੀਰ ਸਮੱਸਿਆ ਦਾ ਤੁਰੰਤ ਹੱਲ ਕੀਤਾ ਜਾਵੇ, ਤਾਂ ਜੋ ਕਿਸਾਨਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ

------------------------------------------------------------

ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਰੋਕਣ ਲਈ ਅਤੇ ਪਰਾਲੀ ਨੂੰ ਅੱਗ ਲਾਉਣ ਦੇ ਨੁਕਸਾਨ ਤੋਂ ਜਾਣੂ ਕਰਵਾਉਣ ਲਈ ਦੇਵੀਗੜ੍ਹ ਦੇ ਦੁੱਧਨਸਾਧਾਂ ਦੇ ਐਸ ਡੀ ਐਮ ਕਿਰਪਾਲ ਵੀਰ ਸਿੰਘ ਨੇ ਡੀ ਐਸ ਪੀ ਰਾਜੇਸ਼ ਛਿੱਬੜ ਨੂੰ ਨਾਲ ਲੈ ਕੇ ਤਹਿਸੀਲ ਅਧੀਨ ਆਉਂਦੇ ਪਿੰਡਾਂ ਸਾਹਨੀਪੁਰ ਟਾਂਡਾ, ਅਲੀਪੁਰ ਵਜੀਰ ਸਾਹਿਬ, ਤਾਜਲਪੁਰ, ਐਹਰੂ ਕਲਾਂ, ਖਾਂਸਾ ਦਾ ਦੌਰਾ ਕੀਤਾ। ਇਸ ਦੌਰਾਨ ਐਸ.ਡੀ.ਐਮ ਨੇ ਕਿਸਾਨਾਂ ਤੇ ਪਿੰਡਾਂ ਦੇ ਹੋਰਨਾਂ ਵਸਨੀਕਾਂ ਨੂੰ ਪਰਾਲੀ ਨੂੰ ਅੱਗ ਲਾਏ ਜਾਣ ਕਾਰਨ ਕਿਸਾਨਾਂ ਦਾ ਖ਼ੁਦ ਦਾ ਅਤੇ ਧਰਤੀ ਸਮੇਤ ਪੌਣ-ਪਾਣੀ ਤੇ ਵਾਤਾਵਰਣ ਨੂੰ ਹੋ ਰਹੇ ਨੁਕਸਾਨ ਬਾਰੇ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਪਰਾਲੀ ਦੇ ਪ੍ਰਬੰਧ ਦੀ ਮਸ਼ੀਨਰੀ ਉਪਲਬਧ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ 'ਉੱਨਤ ਕਿਸਾਨ' ਮੋਬਾਇਲ ਐਪ ਬਣਾਈ ਗਈ ਏ ਤਾਂ ਜੋ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਪ੍ਰਬੰਧਨ  ਮਸ਼ੀਨਾਂ ਆਸਾਨੀ ਨਾਲ ਉਪਲਬਧ

------------------------------------------------------------

ਓਧਰ, ਪਟਿਆਲਾ ਦੇ ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ

ਜ਼ਿਲ੍ਹਾ ਵਿੱਚ ਝੋਨੇ ਦੀ ਰਹਿੰਦ ਖੂੰਹਦ ਨੂੰ ਅੱਗ ਲਗਾਉਣ 'ਤੇ ਪਾਬੰਦੀ ਲਗਾਈ ਏ। ਉਨ੍ਹਾਂ ਕਿਹਾ ਕਿ ਝੋਨੇ ਦੀ ਫ਼ਸਲ ਕੱਟਣ ਉਪਰੰਤ ਜ਼ਮੀਨ ਮਾਲਕਾਂ ਵੱਲੋਂ ਝੋਨੇ ਦੀ ਰਹਿੰਦ ਖੂੰਹਦ ਨੂੰ ਅੱਗ ਲਗਾ ਦਿੱਤੀ ਜਾਂਦੀ ਏ ਜਿਸ ਨਾਲ ਹਵਾ ਵਿੱਚ ਪ੍ਰਦੂਸ਼ਣ ਫੈਲਦਾ ਏ ਅਤੇ ਵਾਤਾਵਰਣ 'ਤੇ ਵੀ ਮਾੜਾ ਅਸਰ ਪੈਂਦਾ ਏ। ਸੜਕ ਦੇ ਨਾਲ ਲਗਦੇ ਖੇਤਾਂ ਵਿੱਚ ਅੱਗ ਲਾਉਣ ਕਾਰਨ ਸੜਕ ਉਪਰ ਸੰਘਣਾ ਧੂੰਆ ਹੋਣ ਕਾਰਨ ਆਵਾਜਾਈ ਵਿੱਚ ਵਿਘਨ ਪੈਂਦਾ ਏ ਅਤੇ ਵੱਡੀ ਦੁਰਘਟਨਾ ਹੋ ਸਕਦੀ ਏ। ਉਨ੍ਹਾਂ ਕਿਹਾ ਕਿ ਇਹ ਹੁਕਮ ਜ਼ਿਲ੍ਹੇ ਵਿੱਚ 25 ਨਵੰਬਰ 2024 ਤੱਕ ਲਾਗੂ ਰਹਿਣਗੇ।

---------------------------------------------------------------

ਫਰੀਦਕੋਟ ਵਿਖੇ ਸਹਿਕਾਰੀ ਖਾਦ ਸੰਸਥਾ ਇਫਕੋ ਨੇ ਇਕ ਵਿਕਰੀ ਕੇਂਦਰ ਕਰਮਚਾਰੀ ਸਿਖਲਾਈ ਪ੍ਰੋਗਰਾਮ ਕਰਵਾਇਆ। ਇਸ ਪ੍ਰੋਗਰਾਮ ਦੀ ਅਗਵਾਈ ਇਫਕੋ ਦੇ ਸਟੇਟ ਮਾਰਕੀਟਿੰਗ ਮੈਨੇਜਰ ਹਰਮੇਲ ਸਿੰਘ ਸਿੱਧੂ ਨੇ ਕੀਤੀ। ਇਸ ਪ੍ਰੋਗਰਾਮ ਵਿਚ ਝੋਨੇ ਦੀ ਪਰਾਲੀ ਦੇ ਪ੍ਰਬੰਧ ਬਾਰੇ, ਨੈਨੋ ਯੂਰੀਆ ਅਤੇ ਡੀ ਏ ਪੀ ਦੀ ਵਿਕਰੀ ਬਾਰੇ ਜਾਣਕਾਰੀ ਦਿੱਤੀ ਗਈ। ਮੀਟਿੰਗ ਵਿੱਚ ਹਾਜ਼ਰ ਸਹਿਕਾਰੀ ਸਭਾਵਾਂ ਦੇ ਸਕੱਤਰਾਂ ਨੂੰ ਸੰਬੋਧਨ

ਕਰਦਿਆਂ ਡਾ. ਅਮਰੀਕ ਸਿੰਘ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਦੀ ਅਗਵਾਈ ਹੇਠ ਜ਼ਿਲਾ ਪ੍ਰਸ਼ਾਸ਼ਨ ਨੇ ਜ਼ਿਲੇ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਘਟਾਉਣ ਦਾ ਟੀਚਾ ਮਿੱਥਿਆ ਗਿਆ ਏ ਅਤੇ ਇਸ ਟੀਚੇ ਦੀ ਪ੍ਰਾਪਤੀ ਲਈ ਹਰ ਪੱਧਰ ’ਤੇ ਯਤਨ ਕੀਤੇ ਜਾ ਰਹੇ ਨੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ 80 ਫੀਸਦੀ ਸਬਸਿਡੀ ਤੇ ਸਹਿਕਾਰੀ ਸਭਾਵਾਂ ਨੂੰ ਉਪਲਬਧ ਕਰਵਾਈ ਗਈ ਮਸ਼ੀਨਰੀ ਹਰ ਹਾਲਤ ਵਿੱਚ ਚਾਲੂ ਹਾਲਤ ਵਿੱਚ ਹੋਣੀ ਚਾਹੀਦੀ ਏ ਤਾਂ ਜੋ ਇਨਾਂ ਮਸ਼ੀਨਾਂ ਦੀ ਵੱਧ ਤੋਂ ਵੱਧ ਵਰਤੋਂ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਛੋਟੇ ਕਿਸਾਨਾਂ ਵੱਲੋਂ ਖੇਤੀ ਮਸ਼ੀਨਰੀ ਵਰਤਣ ਦਾ ਕੋਈ ਕਿਰਾਇਆ ਨਹੀਂ ਵਸੂਲਿਆ ਜਾਵੇਗਾ।

---------------------------------------------------------

ਫਾਜ਼ਿਲਕਾ ਵਿਖੇ ਜਿਲਾ ਪ੍ਰੋਗਰਾਮ ਅਫਸਰ ਨਣਦੀਪ ਕੌਰ ਦੀ ਅਗਵਾਈ ਹੇਠ ਸੀ. ਡੀ.ਪੀ.ਓ ਅਧੀਨ ਆਉਂਦੇ ਪਿੰਡ ਆਂਗਣਵਾੜੀ ਸੈਂਟਰ ਕੋੜਿਆ ਬਲੀ ਵਿਖੇ ਪੋਸ਼ਣ ਮਹੀਨਾ “ਮਨਾਇਆ ਗਿਆ। ਇਸ ਮੌਕੇ ਗਰਭਵਤੀ ਔਰਤਾਂ ਦੀ ਗੋਦ ਭਰਾਈ ਕਰਵਾਈ ਗਈ। ਆਂਗਨਵਾੜੀ ਸਰਕਲ

ਅਰਬਨ 3 ਦੀ ਸੁਪਰਵਾਈਜਰ ਰੀਨਾ ਰਾਣੀ ਨੇ ਮਹਿਲਾਵਾਂ ਨੂੰ ਪੂਰਨ ਭੋਜਨ ਲੈਣ, ਅਨੀਮੀਆ ਤੇ ਕੁਪੋਸ਼ਣ ਵਰਗੀਆਂ ਸਮੱਸਿਆਵਾਂ ਤੋਂ ਬਚਣ ਦੀ ਜਾਣਕਾਰੀ ਵੀ ਦਿੱਤੀ ਗਈ।